## VIGILANCE BUREAU, PUNJAB

## VIGILANCE NABS PSPCL JE FOR TAKING BRIBE

Chandigarh, August 14: State Vigilance Bureau today nabbed Junior Engineer (JE) of PSPCL red handed while accepting bribe of Rs. 17,000.

Disclosing this an official spokesperson of the Vigilance Bureau said Ram Singh JE posted at PSPCL Sub-division East Tank, near Mohindra College, Patiala has been nabbed red handed on the complaint of Devinder Singh, resident of Feelkhana Road, Patiala.

The complaint has approached the VB and alleged that the above said JE was demanding Rs.30,000 for non-disclosing excess load at his shop and withholding this report to the PSPCL and the deal was struck at Rs. 25000. He further informed that he had already paid Rs. 8,000 as a first installment.

After verifying his information, a Vigilance team laid a trap and the accused JE arrested on the spot while accepting bribe of Rs. 17,000 from the complainant in the presence of two official witnesses.

He informed that a case under Prevention of Corruption Act has been registered against the accused at VB police station Patiala and further investigation was under progress.

------------------

**ਵਿਜੀਲੈਂਸ ਬਿਓਰੋ ਪੰਜਾਬ**

**ਵਿਜੀਲੈਂਸ ਵਲੋਂ ਪੀ.ਐਸ.ਪੀ.ਸੀ.ਐਲ ਦਾ ਜੇ.ਈ 17 ਹਜਾਰ ਰੁਪਏ ਰਿਸ਼ਵਤ ਲੈਂਦੇ ਕਾਬੂ**

ਚੰਡੀਗੜ੍ਹ, 14 ਅਗਸਤ:

ਵਿਜੀਲੈਂਸ ਬਿਊਰੋ ਪੰਜਾਬ ਵੱਲੋਂ ਅੱਜ ਪੀ.ਐਸ.ਪੀ.ਸੀ.ਐਲ ਸਬ-ਡਵੀਜ਼ਨ ਈਸਟ ਟੈਂਕ, ਨੇੜੇ ਮਹਿੰਦਰਾ ਕਾਲਜਾ ਪਟਿਆਲਾ ਵਿਖੇ ਤਾਇਨਾਤ ਜੇ. ਈ. ਰਾਮ ਸਿੰਘ ਨੂੰ 17 ਹਜਾਰ ਦੀ ਰਿਸ਼ਵਤ ਲੈਂਦੇ ਹੋਏ ਰੰਗੇ ਹੱਥੀ ਕਾਬੂ ਕੀਤਾ ਗਿਆ।

ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਵਿਜੀਲੈਂਸ ਬਿਊਰੋ ਦੇ ਬੁਲਾਰੇ ਨੇ ਦੱਸਿਆ ਕਿ ਉਕਤ ਜੇ.ਈ ਨੂੰ ਦਵਿੰਦਰ ਸਿੰਘ, ਵਾਸੀ ਫੀਲਖਾਨਾ ਰੋਡ, ਜਿਲਾ ਪਟਿਆਲਾ ਦੀ ਸ਼ਿਕਾਇਤ ਉੱਤੇ 17 ਹਜਾਰ ਰੁਪਏ ਰਿਸ਼ਵਤ ਲੈਂਦਿਆਂ ਰੰਗੇ ਹੱਥੀ ਕਾਬੂ ਕੀਤਾ ਗਿਆ ਹੈ।

ਸ਼ਿਕਾਇਤਕਰਤਾ ਨੇ ਵਿਜੀਲੈਂਸ ਬਿਊਰੋ ਨੂੰ ਆਪਣੀ ਸ਼ਿਕਾਇਤ ਵਿੱਚ ਦੋਸ਼ ਲਾਇਆ ਕਿ ਉਕਤ ਜੇ.ਈ ਵਲੋਂ ਉਸ ਦੀ ਦੁਕਾਨ ’ਤੇ ਵਾਧੂ ਲੋਡ ਬਾਰੇ ਨਾ ਦੱਸਣ ਅਤੇ ਇਸ ਸਬੰਧੀ ਰਿਪੋਰਟ ਪੀ.ਐਸ.ਪੀ.ਸੀ.ਐਲ ਨੂੰ ਨਾ ਦੇਣ ਦੇ ਇਵਜ ਵਿਚ 30 ਹਜਾਰ ਰੁਪਏ ਦੀ ਮੰਗ ਕੀਤੀ ਗਈ ਹੈ ਅਤੇ ਸੌਦਾ 25 ਹਜਾਰ ਰੁਪਏ ਵਿਚ ਤੈਅ ਹੋਇਆ ਹੈ। ਉਸ ਨੇ ਕਿਹਾ ਕਿ ਉਸ ਵਲੋਂ ਪਹਿਲਾਂ ਹੀ ਉਕਤ ਜੇ.ਈ ਨੂੰ 8000 ਰੁਪਏ ਪਹਿਲੀ ਕਿਸ਼ਤ ਵਜੋ ਅਦਾ ਕੀਤੇ ਜਾ ਚੁੱਕੇ ਹਨ।

ਵਿਜੀਲੈਂਸ ਵਲੋਂ ਸ਼ਿਕਾਇਤ ਦੀ ਪੜਤਾਲ ਉਪਰੰਤ ਉਕਤ ਦੋਸ਼ੀ ਜੇ.ਈ ਨੂੰ ਦੋ ਸਰਕਾਰੀ ਗਵਾਹਾਂ ਦੀ ਹਾਜਰੀ ਵਿਚ ਦੂੱਜੀ ਕਿਸ਼ਤ ਦੇ 17,000 ਰੁਪਏ ਦੀ ਰਿਸ਼ਵਤ ਲੈਂਦਿਆਂ ਦਬੋਚ ਲਿਆ।

ਬੁਲਾਰੇ ਨੇ ਦੱਸਿਆ ਕਿ ਉਕਤ ਦੋਹਾਂ ਦੋਸ਼ਿਆਂ ਖਿਲਾਫ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਦੀਆਂ ਵੱਖ-ਵੱਖ ਧਾਰਾਵਾਂ ਤਹਿਤ ਵਿਜੀਲੈਂਸ ਬਿਓਰੋ ਦੇ ਥਾਣਾ ਪਟਿਆਲਾ ਵਿਖੇ ਮੁਕਦਮਾ ਦਰਜ ਕਰਕੇ ਅਗਲੇਰੀ ਕਾਰਵਾਈ ਆਰੰਭ ਕਰ ਦਿੱਤੀ ਗਈ ਹੈ।

-------------------